Vigilance Bureau Punjab

## VIGILANCE NABS MARKET COMMITTEE EMPLOYEE RED HANDED FOR ACCEPTING BRIBE

Chandigarh, 4 February: State Vigilance Bureau nabbed an Auction Recorder cum Supervisor of Market Committee Ludhiana red handed for accepting bribe of Rs.15,000/-.

Disclosing this here today a spokesman of Vigilance Bureau Punjab said accused Auction Recorder Hari Ram was nabbed on the complaint of Sajan Wadhwa of Civil Lines, Ludhiana.

Giving details he said the complainant approached the VB and alleged that the above said accused was demanding Rs. 17,000 for favouring him to report lesser weigh of vegetable laden vehicles but the deal was struck at Rs. 15,000/-.

After verifying his complaint a VB team from Ludhiana laid a trap and the accused Auction Recorder was caught red handed and tainted money was recovered from him in the presence of two official witnesses. He informed that a case under Prevention of Corruption Act has been registered against the accused at VB police station Ludhiana and further investigation was under progress.

**ਵਿਜੀਲੈਂਸ ਬਿਓਰੋ ਪੰਜਾਬ**

# ਵਿਜੀਲੈਂਸ ਵਲੋਂ ਮਾਰਕਿਟ ਕਮੇਟੀ ਦਾ ਕਰਮਚਾਰੀ 15 ਹਜਾਰ ਰੁਪਏ ਦੀ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ

ਚੰਡੀਗੜ੍ਹ 4 ਫਰਵਰੀ ਜੂਨ: ਵਿਜੀਲੈਂਸ ਬਿਊਰੋ ਪੰਜਾਬ ਵੱਲੋਂ ਮਾਰਕਿਟ ਕਮੇਟੀ ਲੁਧਿਆਣਾ ਵਿਖੇ ਤਾਇਨਾਤ ਆਕਸ਼ਨ ਰਿਕਾਰਡਰ-ਕਮ-ਸੁਪਰਵਾਈਜਰ ਹਰੀ ਰਾਮ ਨੂੰ 15 ਹਜਾਰ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਆਕਸ਼ਨ ਰਿਕਾਰਡਰ ਨੂੰ ਸ਼ਿਕਾਇਤਕਰਤਾ ਸਾਜਨ ਵਧਵਾ, ਵਾਸੀ ਸਿਵਲ ਲਾਈਨਜ਼, ਜਿਲਾ ਲੁਧਿਆਣਾ ਦੀ ਸ਼ਿਕਾਇਤ ਉੱਤੇ ਵਿਜੀਲੈਂਸ ਬਿਓਰੋ ਵਲੋਂ ਗ੍ਰਿਫਤਾਰ ਕੀਤਾ ਗਿਆ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦੀ ਰਾਜਾ ਲਕਸ਼ਨ ਨਾਮ ਦੀ ਕੰਪਨੀ ਜੋ ਨਵੀ ਸਬਜੀ ਮੰਡੀ ਲੁਧਿਆਣਾ ਵਿਖੇ ਸਥਿਤ ਹੈ। ਵਪਾਰ ਸਬੰਧੀ ਰੋਜਾਨਾ ਸਬਜੀਆਂ ਦੀਆਂ ਗੱਡੀਆਂ ਆਉਂਦੀਆਂ ਹਨ। ਇਹਨਾਂ ਗੱਡੀਆ ਵਿੱਚ ਜੋ ਮਾਲ ਆਉਂਦਾ ਹੈ ਇਸ ਸਬੰਧੀ ਉਸ ਨੂੰ ਤੰਗ ਪ੍ਰੇਸ਼ਾਨ ਕਰਨ ਅਤੇ ਉਸਦਾ ਰੇਟ ਅਤੇ ਭਾਰ ਘੱਟ ਲਿੱਖਣ ਤੇ ਐਂਟਰੀਆਂ ਵੀ ਘੱਟ ਪਾਉਣ ਬਦਲੇ ਉਕਤ ਆਕਸ਼ਨ ਰਿਕਾਰਡਰ ਨੇ 17,000/ ਰੁਪਏ ਰਿਸ਼ਵਤ ਦੀ ਮੰਗ ਕੀਤੀ ਅਤੇ ਸੌਦਾ 15,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵਲੋਂ ਪੜਤਾਲ ਉਪਰੰਤ ਉਕਤ ਆਕਸ਼ਨ ਰਿਕਾਰਡਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 15 ਹਜਾਰ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਲੁਧਿਆਣਾ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।